ਗੋਂਡ ਮਹਲਾ ੫ ॥ ਕਰਿ ਕਿਰਪਾ ਸੁਖ ਅਨਦ ਕਰੇਇ ॥ ਬਾਲਕ ਰਾਖਿ ਲੀਏ ਗੁਰਦੇਵਿ ॥ ਪ੍ਰਭ ਕਿਰਪਾਲ ਦਇਆਲ ਗੁੋਬਿੰਦ ॥ ਜੀਅ ਜੰਤ ਸਗਲੇ ਬਖਸਿੰਦ ॥ ੧॥ ਤੇਰੀ ਸਰਣਿ ਪ੍ਰਭ ਦੀਨ ਦਇਆਲ ॥ ਪਾਰਬ੍ਰਹਮ ਜਪਿ ਸਦਾ ਨਿਹਾਲ ॥੧॥ ਰਹਾਉ ॥ ਪ੍ਰਭ ਦਇਆਲ ਦੂਸਰ ਕੋਈ ਨਾਹੀ ॥ ਘਟ ਘਟ ਅੰਤਰਿ ਸਰਬ ਸਮਾਹੀ ॥ ਅਪਨੇ ਦਾਸ ਕਾ ਹਲਤੁ ਪਲਤੁ ਸਵਾਰੈ ॥ ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੈ ॥੨॥ ਅਉਖਧ ਕੋਟਿ ਸਿਮਰਿ ਗੋਬਿੰਦ ॥ ਤੰਤੁ ਮੰਤੁ ਭਜੀਐ ਭਗਵੰਤ ॥ ਰੋਗ ਸੋਗ ਮਿਟੇ ਪ੍ਰਭ ਧਿਆਏ ॥ ਮਨ ਬਾਂਛਤ ਪੂਰਨ ਫਲ ਪਾਏ ॥ ੩॥ ਕਰਨ ਕਾਰਨ ਸਮਰਥ ਦਇਆਰ ॥ ਸਰਬ ਨਿਧਾਨ ਮਹਾ ਬੀਚਾਰ ॥ ਨਾਨਕ ਬਖਸਿ ਲੀਏ ਪ੍ਰਭਿ ਆਪਿ ॥ ਸਦਾ ਸਦਾ ਏਕੋ ਹਰਿ ਜਾਪਿ ॥੪॥੧੩॥੧੫॥ {ਪੰਨਾ 866}

ਪਦਅਰਥ:- ਕਰਿ—ਕਰ ਕੇ। ਕਰੇਇ—ਕਰਦਾ ਹੈ। ਬਾਲਕ—(ਆਪਣੇ) ਬੱਚਿਆਂ ਨੂੰ। ਗੁਰਦੇਵਿ—ਗੁਰਦੇਵ ਨੇ, ਸਭ ਤੋਂ ਵੱਡੇ ਪ੍ਰਭੂ ਨੇ। ਕਿਰਪਾਲ—ਕਿਰਪਾ ਦਾ ਘਰ। ਗੁੋਬਿੰਦ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਗੋਬਿੰਦ' ਹੈ, ਇਥੇ 'ਗੁਬਿੰਦ' ਪੜ੍ਹਨਾ ਹੈ}। ਸਗਲੇ—ਸਾਰੇ। ਬਖਸਿੰਦ—ਬਖ਼ਸ਼ਣ ਵਾਲਾ।1।

ਪ੍ਰਭ—ਹੇ ਪ੍ਰਭੂ! ਜਪਿ—ਜਪ ਕੇ। ਨਿਹਾਲ—ਪ੍ਰਸੰਨ।1। ਰਹਾਉ।

ਅੰਤਰਿ—ਅੰਦਰ। ਘਟ ਘਟ ਅੰਤਰਿ—ਹਰੇਕ ਸਰੀਰ ਵਿਚ। ਸਰਬ ਸਮਾਹੀ—ਤੂੰ ਸਾਰਿਆਂ ਵਿਚ ਸਮਾਇਆ ਹੋਇਆ ਹੈਂ। ਹਲਤੁ—{A>} ਇਹ ਲੋਕ। ਪਲਤੁ—{pr>} ਪਰਲੋਕ। ਸਵਾਰੈ—ਸੰਵਾਰ ਦੇਂਦਾ ਹੈ। ਪਤਿਤ ਪਾਵਨ—ਵਿਕਾਰੀਆਂ ਨੂੰ ਸੁੱਚੇ ਜੀਵਨ ਵਾਲਾ ਬਣਾਣਾ। ਪ੍ਰਭ—ਹੇ ਪ੍ਰਭੂ! ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ। ਤੁਮ੍ਹਾਰੈ—ਤੇਰੇ ਘਰ ਵਿਚ।2।

ਅਉਖਧ—ਦਵਾਈਆਂ। ਕੋਟਿ—ਕ੍ਰੋੜਾਂ। ਸੋਗ—ਚਿੰਤਾ-ਫ਼ਿਕਰ। ਮਨ ਬਾਂਛਤ— ਮਨ-ਮੰਗੇ।2।

ਕਰਨ ਕਾਰਨ—ਜਗਤ ਦਾ ਪੈਦਾ ਕਰਨ ਵਾਲਾ। ਕਰਨ—ਜਗਤ। ਦਇਆਰ—ਦਇਆਲ। ਨਿਧਾਨ—ਖ਼ਜ਼ਾਨੇ। ਮਹਾ ਬੀਚਾਰ—ਪ੍ਰਭੂ ਦੇ ਗੁਣਾਂ ਦੇ ਉੱਚੇ ਵਿਚਾਰ। ਪ੍ਰਭਿ—ਪ੍ਰਭੂ ਨੇ।4।

ਅਰਥ:- ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਅਸੀਂ ਜੀਵ) ਤੇਰੇ ਹੀ ਆਸਰੇ ਹਾਂ। ਹੇ ਪਾਰਬ੍ਰਹਮ! (ਤੇਰਾ ਨਾਮ) ਜਪ ਕੇ ਸਦਾ ਖਿੜੇ ਰਹਿ ਸਕੀਦਾ ਹੈ।1। ਰਹਾਉ।

ਹੇ ਭਾਈ! ਉਸ ਸਭ ਤੋਂ ਵੱਡੇ ਪ੍ਰਭੂ ਨੇ (ਸਦਾ ਹੀ ਸਰਣ-ਪਏ ਆਪਣੇ) ਬੱਚਿਆਂ ਦੀ ਰੱਖਿਆ ਕੀਤੀ ਹੈ, ਮੇਹਰ ਕਰ ਕੇ (ਉਹਨਾਂ ਦੇ ਹਿਰਦੇ ਵਿਚ) ਆਨੰਦ ਪੈਦਾ ਕਰਦਾ ਹੈ। ਹੇ ਭਾਈ! ਗੋਬਿੰਦ ਪ੍ਰਭੂ ਕਿਰਪਾ ਦਾ ਘਰ ਹੈ, ਦਇਆ ਦਾ ਸੋਮਾ ਹੈ, ਸਾਰੇ ਹੀ ਜੀਵਾਂ ਉਤੇ ਬਖ਼ਸ਼ਸ਼ ਕਰਨ ਵਾਲਾ ਹੈ।1।

ਹੇ ਪ੍ਰਭੂ! ਤੇਰੇ ਵਰਗਾ ਦਇਆ ਦਾ ਸੋਮਾ (ਜਗਤ ਵਿਚ) ਹੋਰ ਕੋਈ ਦੂਜਾ ਨਹੀਂ ਹੈ। ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੂੰ ਸਾਰੇ ਜੀਵਾਂ ਵਿਚ ਵਿਆਪਕ ਹੈਂ। ਹੇ ਭਾਈ! ਪ੍ਰਭੂ ਆਪਣੇ ਸੇਵਕ ਦਾ ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦੇਂਦਾ ਹੈ। ਹੇ ਪ੍ਰਭੂ! ਤੇਰੇ ਘਰ ਵਿਚ ਮੁੱਢ-ਕਦੀਮਾਂ ਦਾ ਹੀ ਇਹ ਸੁਭਾਉ ਹੈ ਕਿ ਤੂੰ ਵਿਕਾਰੀਆਂ ਨੂੰ ਭੀ ਸੁੱਚੇ ਜੀਵਨ ਵਾਲਾ ਬਣਾ ਦੇਂਦਾ ਹੈਂ।2।

ਹੇ ਭਾਈ! ਗੋਬਿੰਦ ਦਾ ਨਾਮ ਸਿਮਰਿਆ ਕਰ, ਇਹ ਨਾਮ ਹੀ ਕ੍ਰੋੜਾਂ ਦਵਾਈਆਂ (ਦੇ ਬਰਾਬਰ) ਹੈ। ਹੇ ਭਾਈ! ਭਗਵਾਨ ਦਾ ਨਾਮ ਜਪਣਾ ਚਾਹੀਦਾ ਹੈ, ਇਹ ਨਾਮ (ਸਭ ਤੋਂ ਵਧੀਆ) ਤੰਤ੍ਰ ਹੈ ਅਤੇ ਮੰਤ੍ਰ ਹੈ। ਜੇਹੜਾ ਮਨੁੱਖ ਇਸ ਨਾਮ ਨੂੰ ਸਿਮਰਦਾ ਹੈ, ਉਸ ਦੇ ਸਾਰੇ ਰੋਗ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ। ਉਹ ਮਨੁੱਖ ਸਾਰੇ ਹੀ ਮਨ-ਮੰਗੇ

ਫਲ ਪ੍ਰਾਪਤ ਕਰ ਲੈਂਦਾ ਹੈ।3।

ਹੇ ਭਾਈ! ਪਰਮਾਤਮਾ ਜਗਤ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਦਇਆ ਦਾ ਸੋਮਾ ਹੈ। ਉਸ ਦੇ ਉੱਚੇ ਗੁਣਾਂ ਦਾ ਵਿਚਾਰ ਕਰਨਾ ਹੀ (ਜੀਵ ਵਾਸਤੇ) ਸਾਰੇ ਖ਼ਜ਼ਾਨੇ ਹੈ। ਹੇ ਨਾਨਕ! ਪ੍ਰਭੂ ਨੇ ਆਪ ਹੀ ਆਪਣੇ ਸੇਵਕਾਂ ਉੱਤੇ ਸਦਾ ਬਖ਼ਸ਼ਸ਼ ਕੀਤੀ ਹੈ। ਹੇ ਭਾਈ! ਸਦਾ ਹੀ ਉਸ ਇਕ ਪਰਮਾਤਮਾ ਦਾ ਨਾਮ ਜਪਿਆ ਕਰ।4।13।15।